ਪਿੰਡ ਈਸੇਵਾਲ ਨਗਰ ਕੀਰਤਨ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਸਮੇਂ ਖ਼ਾਲਸਾਈ ਪਹਿਰਾਵੇ 'ਚ ਪੰਜ ਪਿਆਰਿਆਂ ਨਾਲ ਗੁਰਦੁਆਰਾ ਪ੍ਰਬੰਧਕੀ ਪ੍ਰਧਾਨ ਬਲਜਿੰਦਰ ਸਿੰਘ ਤੇ ਹੋਰ। ਤਸਵੀਰ: ਕ੍ਰਿਪਾਲ ਹੰਬੜਾਂ

# ਈਸੇਵਾਲ 'ਚ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

ਮੁੱਲਾਂਪੁਰ-ਦਾਖਾ, 3 ਜਨਵਰੀ (ਨਿਰਮਲ ਸਿੰਘ ਧਾਲੀਵਾਲ)- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਪਿੰਡ ਈਸੇਵਾਲ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਮੁੱਚੇ ਨਗਰ ਦੇ ਸਹਿਯੋਗ ਨਾਲ ਨਗਰ ਕੀਰਤਨ ਸਮੇਂ ਫੁੱਲਾਂ ਨਾਲ ਸ਼ਿੰਗਾਰੀ ਪਾਲਕੀ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੁਸ਼ੋਭਿਤ ਸਨ ਤੇ ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸਨ। ਨਗਰ ਕੀਰਤਨ ਦੇ ਵੱਖੋ-ਵੱਖ ਪੜਾਵਾਂ 'ਤੇ ਕੀਰਤਨੀ ਅਤੇ ਢਾਡੀ ਜਥਿਆਂ ਵਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਸਬੰਧੀ ਸੰਗਤਾਂ ਨੂੰ ਜਾਣੂ ਕਰਵਾਇਆ ਗਿਆ। ਈਸੇਵਾਲ ਵਿਖੇ ਬੱਚਿਆਂ ਦੇ ਕੀਰਤਨੀ ਜਥੇ ਨੇ ਰਸਭਿਨਾਂ ਕੀਰਤਨ ਕੀਤਾ। ਨਗਰ ਕੀਰਤਨ ਸਮੇਂ ਖ਼ਾਲਸਾਈ ਪੌਸ਼ਾਕਾਂ 'ਚ ਸਜ਼ੇ ਛੋਟੇ-ਛੋਟੇ ਭੁਝੰਗੀ ਨਗਰ ਕੀਤਰਨ ਦੀ ਰੌਣਕ ਵਿਚ ਵਾਧਾ ਕਰ ਰਹੇ ਸਨ। ਵੱਖ-ਵੱਖ ਪੜਾਵਾਂ 'ਤੇ ਸੰਗਤ ਲਈ ਚਾਹ-ਪਕੌੜਿਆਂ ਦੇ ਲੰਗਰ ਦਾ ਉੱਚਿਤ ਪ੍ਰਬੰਧ ਸੀ।

# 27ਵੇਂ ਅਲੌਕਿਕ ਦਸਮੇਸ਼ ਪੈਦਲ ਮਾਰਚ ਦਾ ਰਾਏਕੋਟ ਪੁੱਜਣ 'ਤੇ ਨਿੱਘਾ ਸਵਾਗਤ

ਰਾਏਕੋਟ, 3 ਜਨਵਰੀ (ਬਲਵਿੰਦਰ ਸਿੰਘ ਲਿੱਤਰ)- ਤਖ਼ਤ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼ੁਰੂ ਹੋਇਆ 27ਵਾਂ ਅਲੌਕਿਕ ਦਸਮੇਸ਼ ਪੈਦਲ ਮਾਰਚ ਦਾ ਗੁਰਦੁਆਰਾ ਟਾਹਲੀਆਣਾ ਸਾਹਿਬ ਪਾਤਸ਼ਾਹੀ 10ਵੀਂ ਰਾਏਕੋਟ ਪੁੱਜਣ 'ਤੇ ਨਿੱਘਾ ਸਵਾਗਤ ਅਤੇ ਅਗਲੇ ਪੜਾਅ ਗੁਰਦੁਆਰਾ ਪੰਜੂਆਣਾ ਸਾਹਿਬ ਲੰਮਾ-ਜੱਟਪੁਰਾ ਲਈ ਜਥੇਦਾਰ ਜਗਜੀਤ ਸਿੰਘ ਤਲਵੰਡੀ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਰਘਵੀਰ ਸਿੰਘ ਸਹਾਰਨਮਾਜਰਾ ਮੈਂਬਰ ਸ਼੍ਰੋਮਣੀ ਕਮੇਟੀ, ਮੈਨੇਜਰ ਗੁਰਸੇਵਕ ਸਿੰਘ ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਪੰਜ ਪਿਆਰਿਆਂ ਅਤੇ ਗੁਰਦੁਆਰਾ ਮੈਹਦੇਆਣਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਕੁਲਵੰਤ ਸਿੰਘ ਲੱਖਾ ਨੂੰ ਸਿਰੋਪਾਓ ਦਿੱਤੇ ਅਤੇ ਦਸਮੇਸ਼ ਪੈਦਲ ਮਾਰਚ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ ਕੀਤਾ। ਇਸ ਮੌਕੇ ਬਾਬਾ ਕੁਲਵੰਤ ਸਿੰਘ ਲੱਖਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦਿਆਂ ਆਖਿਆ ਕਿ ਉਨ੍ਹਾਂ ਵਲੋਂ ਪਿਛਲੇ 2 ਦਹਾਕਿਆਂ ਤੋਂ ਅਲੌਕਿਕ ਦਸਮੇਸ਼ ਪੈਦਲ ਮਾਰਚ ਕਿਲ੍ਹਾ ਅਨੰਦਗੜ੍ਹ ਸਾਹਿਬ ਤੋਂ ਸ਼ੁਰੂ ਕੀਤਾ ਜਾਂਦਾ ਹੈ, ਜੋ ਸ੍ਰੀ ਕੇਸਗੜ੍ਹ ਸਾਹਿਬ ਹੁੰਦਾ ਹੋਇਆ ਗੁਰੂ ਗੋਬਿੰਦ ਸਿੰਘ ਮਾਰਗ 'ਤੇ ਪੈਦਲ ਮਾਰਚ ਕਰਦਾ ਹੈ। ਉਨ੍ਹਾਂ ਦੱਸਿਆ ਕਿ ਇਸ ਪੈਦਲ ਮਾਰਚ ਦੀ ਆਰੰਭਤਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ 6-7 ਪੋਹ ਦੀ ਰਾਤ ਨੂੰ ਰਵਾਨਾ ਕੀਤਾ। ਇਸ ਪੈਦਲ ਮਾਰਚ ਦੌਰਾਨ ਰਾਗੀਆਂ ਨੇ ਕੀਰਤਨ ਕੀਤਾ। ਇਸ ਮੌਕੇ ਮੈਨੇਜਰ ਨਿਰਭੈ ਸਿੰਘ ਗੁਰਦੁਆਰਾ ਗੁਰੂ ਗੋਬਿੰਦ ਸਿੰਘ ਹੇਰਾਂ, ਮੈਨੇਜਰ ਹਰਦੀਪ ਸਿੰਘ ਗੁਰਦੁਆਰਾ ਸਾਹਿਬ ਸੁਧਾਰ, ਬਿੱਕਰ ਸਿੰਘ ਕਾਨੂੰਨਗੋ, ਹੈੱਡ ਗ੍ਰੰਥੀ ਗਿਆਨੀ ਨਾਜਰ ਸਿੰਘ, ਗਿਆਨੀ ਹਰਦੀਪ ਸਿੰਘ, ਪਰਮਿੰਦਰ ਸਿੰਘ ਖੰਗੂੜਾ, ਹਰਵਿੰਦਰ ਸਿੰਘ ਭੂੰਦੜੀ, ਮਨਜੀਤ ਸਿੰਘ, ਹਰਦੀਪ ਸਿੰਘ, ਜੋਗਾ ਸਿੰਘ ਅਕਾਊਟੈਂਟ, ਕੁਲਵੰਤ ਸਿੰਘ ਸੰਤ ਕਲਾਥ ਵਾਲੇ, ਗੁਰਜੀਤ ਸਿੰਘ ਗੁੱਜਰਵਾਲ, ਦਵਿੰਦਰ ਸਿੰਘ ਬਸਰਾਉਂ, ਮਨਜੀਤ ਸਿੰਘ ਆਰ.ਕੇ., ਡਾ. ਜੁਗਰਾਜ ਸਿੰਘ ਰਾਜਗੜ੍ਹ, ਗੁਰਜੀਤ ਸਿੰਘ ਗਿੱਲ ਆਦਿ ਹਾਜ਼ਰ ਸਨ।

ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਵਿਖੇ 27ਵੇਂ ਦਸਮੇਸ਼ ਪੈਦਲ ਮਾਰਚ ਦੌਰਾਨ ਪੰਜ ਪਿਆਰਿਆਂ ਨੂੰ ਸਿਰੋਪਾਓ ਦਿੰਦਿਆਂ ਰਵਾਨਾ ਕਰਦੇ ਮੈਨੇਜਰ ਗੁਰਸੇਵਕ ਸਿੰਘ। ਤਸਵੀਰ: ਬਲਵਿੰਦਰ ਸਿੰਘ ਲਿੱਤਰ

ਪਿੰਡ ਰੰਗੂਵਾਲ ਵਿਖੇ ਵਿਧਾਇਕ ਇਯਾਲੀ ਮੰਦਰ ਕਮੇਟੀ ਨੂੰ ਮਾਇਕ ਸਹਾਇਤਾ ਭੇਟ ਕਰਦੇ ਹੋਏ ਨਗਰ ਨਿਵਾਸੀਆਂ ਨਾਲ। ਤਸਵੀਰ: ਪੁਰੀ

# ਵਿਧਾਇਕ ਇਯਾਲੀ ਵਲੋਂ ਰੰਗੂਵਾਲ ਮੰਦਰ ਕਮੇਟੀ ਨੂੰ 51 ਹਜ਼ਾਰ ਰੁ: ਭੇਟ

ਅਹਿਮਦਗੜ੍ਹ, 3 ਜਨਵਰੀ (ਰਵਿੰਦਰ ਪੁਰੀ)- ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਵਲੋਂ ਰੰਗੂਵਾਲ ਫੇਰੀ ਦੌਰਾਨ ਕਲਰ ਬਾਣੀ ਮੰਦਿਰ ਦੀ ਕਮੇਟੀ ਦੇ ਪ੍ਰਧਾਨ ਸੁਖਦੇਵ ਸਿੰਘ ਅਤੇ ਸਮੂਹ ਮੈਂਬਰਾਂ ਨੂੰ 51 ਹਜ਼ਾਰ ਦੀ ਰਾਸ਼ੀ ਭੇਟ ਕੀਤੀ ਗਈ। ਇਸ ਮੌਕੇ 'ਤੇ ਸ. ਇਯਾਲੀ ਨੇ ਕਿਹਾ ਕਿ ਹਲਕਾ ਦਾਖਾ ਅੰਦਰ ਪੰਜਾਬ ਸਰਕਾਰ ਵਲੋਂ ਉਪਰੋਕਤ ਸੰਸਥਾਵਾਂ ਲਈ ਯੋਗ ਸਹਾਇਤਾ ਨਹੀਂ ਦਿੱਤੀ ਜਾ ਰਹੀ, ਜਿਸ ਕਾਰਨ ਹਲਕੇ ਦੀਆਂ ਅਜਿਹੀਆਂ ਸੰਸਥਾਵਾਂ ਸਾਡੇ ਨਾਲ ਸੰਪਰਕ ਕਰ ਰਹੀਆਂ। ਨਗਰ ਨਿਵਾਸੀਆਂ ਵਲੋਂ ਵਿਧਾਇਕ ਇਯਾਲੀ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਨੰਬਰਦਾਰ ਰਣਧੀਰ ਸਿੰਘ, ਜਗਤਾਰ ਸਿੰਘ ਲਤਾਲਾ, ਸੁਰਿੰਦਰ ਸਿੰਘ ਲਤਾਲਾ, ਦਲਵਿੰਦਰ ਸਿੰਘ ਰੰਗੂਵਾਲ, ਬਖਸ਼ੀਸ਼ ਸਿੰਘ, ਗੁਰਵਿੰਦਰ ਸਿੰਘ, ਉਪਦੇਸ਼ਇੰਦਰ ਸਿੰਘ, ਸੁਖਜਿੰਦਰ ਸਿੰਘ, ਜਗਤਾਰ ਸਿੰਘ, ਚਮਕੌਰ ਸਿੰਘ, ਅਮਰੀਕ ਸਿੰਘ, ਕੁਲਦੀਪ ਸਿੰਘ, ਹਰਪਾਲ ਸਿੰਘ, ਨੰਬਰਦਾਰ ਗੁਰਮੀਤ ਸਿੰਘ, ਮਨਜੀਤ ਸਿੰਘ, ਕਮਲਜੀਤ ਦਿਉਲ, ਜਸਬੀਰ ਦਿਉਲ, ਪਿੰਦਰ ਸੈਕਟਰੀ, ਜਸ਼ਨ ਖਗੂੰੜਾ, ਗੁਰਵਿੰਦਰ ਸਿੰਘ ਬਾਗ ਵਾਲੇ, ਬਲਜੀਤ ਸਿੰਘ, ਸਨੀ ਬਰਾੜ, ਹਰਪਾਲ ਸਿੰਘ ਪਾਲਾ, ਮਨਰਾਜ ਸਿੰਘ, ਪਿੰਨੂ ਦਿਉਲ, ਸੁਖਦੇਵ ਸਿਘ ਫੌਜੀ ਆਦਿ ਹਾਜ਼ਰ ਸਨ।

ਪਿੰਡ ਗੋਂਦਵਾਲ ਵਿਖੇ ਬੀਕੇਯੂ (ਡਕੌਂਦਾ) ਦੀ ਨਵਨਿਯੁਕਤ ਕਮੇਟੀ ਦਾ ਗਠਨ ਕਰਨ ਸਮੇਂ ਜ਼ਿਲ੍ਹਾ ਪ੍ਰਧਾਨ ਮਾ. ਮਹਿੰਦਰ ਸਿੰਘ ਕਮਾਲਪੁਰਾ ਤੇ ਹੋਰ। ਤਸਵੀਰ: ਬਲਵਿੰਦਰ ਸਿੰਘ ਲਿੱਤਰ

# ਪਿੰਡ ਗੋਂਦਵਾਲ ਵਿਖੇ ਬੀਕੇਯੂ (ਡਕੌਂਦਾ) ਦੀ ਇਕਾਈ ਦਾ ਗਠਨ

## ਨਵਜੋਤ ਸਿੰਘ ਪ੍ਰਧਾਨ ਨਿਯੁਕਤ

ਰਾਏਕੋਟ, 3 ਜਨਵਰੀ (ਬਲਵਿੰਦਰ ਸਿੰਘ ਲਿੱਤਰ)- ਪਿੰਡ ਗੋਂਦਵਾਲ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ (ਡਕੌਂਦਾ) ਦਾ ਗਠਨ ਕੀਤਾ ਗਿਆ। ਇਸ ਸਮਾਗਮ ਦੌਰਾਨ ਬੀਕੇਯੂ (ਡਕੌਂਦਾ) ਦੇ ਜ਼ਿਲ੍ਹਾ ਪ੍ਰਧਾਨ ਮਾ. ਮਹਿੰਦਰ ਸਿੰਘ ਕਮਾਲਪੁਰਾ, ਦੇਸਰਾਜ ਸਿੰਘ ਕਮਾਲਪੁਰਾ, ਰਘਵੀਰ ਸਿੰਘ ਬਾਸੀ, ਸੁਖਵਿੰਦਰ ਸਿੰਘ ਬਾਸੀ, ਮਾ: ਤਾਰਾ ਸਿੰਘ ਅੱਚਰਵਾਲ (ਸਾਰੇ ਆਗੂ ਬੀਕੇਯੂ (ਡਕੌਂਦਾ) ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਚੁਣੀ ਕਮੇਟੀ ਦੌਰਾਨ ਨਿਰੰਜਣ ਸਿੰਘ ਨੂੰ ਸਰਪ੍ਰਸਤ, ਨਵਜੋਤ ਸਿੰਘ ਨੂੰ ਪ੍ਰਧਾਨ, ਨਰਿੰਦਰ ਸਿੰਘ ਮੀਤ ਪ੍ਰਧਾਨ, ਬਲਵਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ, ਗੁਰਦੀਪ ਸਿੰਘ ਸੈਕਟਰੀ, ਜਸਕਰਨ ਸਿੰਘ ਕਰਨ ਵਾਈਸ ਚੇਅਰਮੈਨ, ਗੁਰਪ੍ਰੀਤ ਸਿੰਘ, ਗੁਰਮੀਤ ਸਿੰਘ, ਅਮਰਜੀਤ ਸਿੰਘ (ਤਿੰਨੇ ਖ਼ਜ਼ਾਨਚੀ), ਨੱਥਾ ਸਿੰਘ, ਟਹਿਲ ਸਿੰਘ, ਸੋਹਣ ਸਿੰਘ (ਤਿੰਨੇ ਸਲਾਹਕਾਰ) ਚੁਣੇ ਗਏ। ਇਸ ਮੌਕੇ ਚੁਣੀ ਗਈ ਪਿੰਡ ਪੱਧਰੀ ਇਕਾਈ ਨੇ ਬੀਕੇਯੂ (ਡਕੌਂਦਾ) ਦੇ ਪ੍ਰਧਾਨ ਮਹਿੰਦਰ ਸਿੰਘ ਕਮਾਲਪੁਰਾ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਕਿਸਾਨੀ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਕਿਸਾਨਾਂ ਦਾ ਹਰ ਸਮੇਂ ਸਹਿਯੋਗ ਦੇਣਗੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਕਮਾਲਪੁਰਾ ਨੇ ਚੁਣੀ ਗਈ ਇਕਾਈ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਕਾਂਗਰਸ ਸਰਕਾਰ ਨੇ 2017 ਦੀਆਂ ਵਿਧਾਨ ਸਭਾ ਚੋਣਾਂ ਮੌਕੇ ਕਿਸਾਨਾਂ ਨਾਲ ਕਰਜ਼ਾ ਮੁਆਫ਼ੀ ਦਾ ਵਾਅਦਾ ਕੀਤਾ ਸੀ, ਪ੍ਰੰਤੂ ਸੂਬੇ ਦੀ ਕਾਂਗਰਸ ਸਰਕਾਰ ਨੇ ਕਿਸਾਨਾਂ ਦਾ ਮਾਮੂਲੀ ਕਰਜ਼ਾ ਮੁਆਫ਼ ਕਰਕੇ ਕੋਝਾ ਮਜ਼ਾਕ ਕੀਤਾ ਹੈ। ਇਸ ਲਈ ਕਾਂਗਰਸ ਨੂੰ ਸੂਬੇ ਦੇ ਕਿਸਾਨ ਸਬਕ ਸਿਖਾਉਣ ਲਈ ਅਗਾਮੀ ਵਿਧਾਨ ਸਭਾ ਚੋਣਾਂ ਮੌਕੇ ਕਰਾਰਾ ਜਵਾਬ ਦੇਣਗੇ। ਇਸ ਸਮਾਗਮ ਦੌਰਾਨ ਪਿੰਡ ਦੀਆਂ ਔਰਤਾਂ ਤੇ ਕਿਸਾਨ ਵੱਡੀ ਤਾਦਾਦ 'ਚ ਮੌਜੂਦ ਸਨ।

# ਡੇਢ ਮਹੀਨੇ ਤੋਂ ਭਰਾ ਦੀ ਮੌਤ ਦੇ ਮਾਮਲੇ 'ਚ ਇਨਸਾਫ਼ ਲਈ ਠੋਕਰਾਂ ਖਾ ਰਿਹਾ ਪ੍ਰਵਾਸੀ ਪੰਜਾਬੀ

## ਪੁਲਿਸ 'ਤੇ ਢੁਕਵੀਂ ਕਾਰਵਾਈ ਨਾ ਕਰਨ ਦਾ ਲਗਾਇਆ ਦੋਸ਼

ਰਾਏਕੋਟ, 3 ਜਨਵਰੀ (ਬਲਵਿੰਦਰ ਸਿੰਘ ਲਿੱਤਰ)- ਪਿੰਡ ਆਂਡਲੂ ਦੇ ਸਾਬਕਾ ਸਰਪੰਚ ਪਾਲ ਸਿੰਘ ਗਰੇਵਾਲ ਦੇ ਪੁੱਤਰ ਦਲਜੀਤ ਸਿੰਘ ਗਰੇਵਾਲ ਦੀ ਭੇਦਭਰੇ ਹਾਲਾਤ 'ਚ ਮੌਤ ਦੇ ਮਾਮਲੇ ਵਿਚ ਢੁੱਕਵੀਂ ਕਾਨੂੰਨੀ ਕਾਰਵਾਈ ਕਰਵਾਉਣ ਲਈ ਮ੍ਰਿਤਕ ਦਾ ਛੋਟਾ ਭਰਾ ਪ੍ਰਵਾਸੀ ਪੰਜਾਬੀ ਡੇਢ ਮਹੀਨੇ ਤੋਂ ਦਰ-ਦਰ ਦੀਆਂ ਠੋਕਰਾਂ ਖਾ ਰਿਹਾ ਹੈ। ਇਸ ਸੰਬੰਧੀ ਪਿੰਡ ਆਂਡਲੂ ਵਿਖੇ ਪਿੰਡ ਦੀ ਗ੍ਰਾਮ ਪੰਚਾਇਤ ਤੇ ਹੋਰਨਾਂ ਮੋਹਤਬਰਾਂ ਦੀ ਮੌਜੂਦਗੀ 'ਚ ਪ੍ਰੈੱਸ ਕਾਨਫ਼ਰੰਸ ਦੌਰਾਨ ਜਾਣਕਾਰੀ ਦਿੰਦਿਆਂ ਮ੍ਰਿਤਕ ਦੇ ਭਰਾ ਸਿਕੰਦਰ ਸਿੰਘ ਯੂ.ਐੱਸ.ਏ. ਨੇ ਦੱਸਿਆ ਕਿ ਉਸ ਦਾ ਭਰਾ ਦਲਜੀਤ ਸਿੰਘ (60) 13 ਨਵੰਬਰ 2021 ਨੂੰ ਘਰ ਵਿਚ ਕੰਮ ਕਰਦੇ ਨੌਕਰ ਜਗਰੂਪ ਸਿੰਘ ਉਰਫ ਬਿੱਟੂ ਪੁੱਤਰ ਰਾਮ ਕਿਸ਼ਨ ਵਾਸੀ ਆਂਡਲੂ ਨਾਲ ਆਪਣੀ ਬਲੈਰੋ ਗੱਡੀ (ਪੀਬੀ-10ਈਈ-7345) ਰਾਹੀਂ ਪਿੰਡ ਭੈਣੀ ਅਰੋੜਾ ਗਿਆ ਸੀ, ਜਿਸ ਤੋਂ ਬਾਅਦ ਉਸ ਦੀ ਕੋਈ ਉੱਘ-ਸੁੱਘ ਨਹੀਂ ਮਿਲੀ, ਪ੍ਰੰਤੂ ਅਗਲੇ ਦਿਨ ਉਸ ਦੀ ਗੱਡੀ ਨਹਿਰ ਪੁਲ ਕਲਿਆਣ ਨੇੜੇ ਪਿੰਡ ਮਹੋਲੀ ਕਲਾਂ ਨਜ਼ਦੀਕ ਨਹਿਰ ਦੀ ਪਟੜੀ ਲਾਗਿਓਂ ਮਿਲੀ, ਸਗੋਂ ਗੱਡੀ 'ਚੋਂ ਇਕ ਦਾਤੀ ਵੀ ਮਿਲੀ ਸੀ ਤੇ ਨਹਿਰ ਦੇ ਕਿਨਾਰੇ ਮ੍ਰਿਤਕ ਦੀ ਪੱਗ ਵੀ ਬਰਾਮਦ ਹੋਈ, ਜਦਕਿ ਉਸ ਦੀ ਲਾਸ਼ 2-3 ਦਿਨਾਂ ਬਾਅਦ ਪਿੰਡ ਜੌਹਲਾਂ ਨਜ਼ਦੀਕ ਨਹਿਰ 'ਚੋਂ ਬਰਾਮਦ ਹੋਈ ਹੈ। ਇਸ ਸਬੰਧ ਵਿਚ ਰਾਏਕੋਟ ਸਦਰ ਪੁਲਿਸ ਨੇ ਉਸ ਦੀ ਭੈਣ ਕੰਵਲਜੀਤ ਕੌਰ ਉਰਫ਼ ਰਾਣੀ ਪਤਨੀ ਕੁਲਦੀਪ ਸਿੰਘ ਵਾਸੀ ਖਰੜ ਹਾਲ ਵਾਸੀ ਅਮਰੀਕਾ ਦੇ ਬਿਆਨਾਂ 'ਤੇ ਮ੍ਰਿਤਕ ਦੀ ਪਤਨੀ ਹਰਮੀਤ ਕੌਰ ਉਰਫ਼ ਹਰਮੇਸ਼ ਕੌਰ ਖ਼ਿਲਾਫ਼ ਧਾਰਾ 306 ਅਧੀਨ ਮੁਕੱਦਮਾ ਦਰਜ ਕਰ ਲਿਆ ਸੀ। ਰਾਏਕੋਟ ਸਦਰ ਪੁਲਿਸ ਨੇ ਇਸ ਸੰਬੰਧ ਵਿਚ ਮੁਕੱਦਮਾ ਦਰਜ ਕਰਨ ਤੋਂ ਬਾਅਦ ਕੋਈ ਵੀ ਢੁੱਕਵੀਂ ਕਾਰਵਾਈ ਅਮਲ 'ਚ ਨਹੀਂ ਲਿਆਂਦੀ, ਜਦਕਿ ਉਹ ਗ੍ਰਾਮ ਪੰਚਾਇਤ ਅਤੇ ਹੋਰ ਮੁਹਤਬਰਾਂ ਸਮੇਤ ਪਿਛਲੇ ਡੇਢ ਮਹੀਨੇ ਤੋਂ ਪੁਲਿਸ ਦੇ ਅਧਿਕਾਰੀਆਂ ਨੂੰ ਕਈ ਵਾਰ ਮਿਲ ਚੁੱਕਿਆ ਹੈ, ਪ੍ਰੰਤੂ ਪੁਲਿਸ ਅਧਿਕਾਰੀ ਕਾਰਵਾਈ ਦਾ ਭਰੋਸਾ ਦੇ ਕੇ ਉਸ ਨੂੰ ਵਾਪਸ ਮੋੜ ਦਿੰਦੇ ਹਨ। ਮ੍ਰਿਤਕ ਦੇ ਭਰਾ ਨੇ ਆਖਿਆ ਕਿ ਉਨ੍ਹਾਂ ਨੂੰ ਸ਼ੱਕ ਹੈ ਕਿ ਉਸ ਦੇ ਭਰਾ ਦਾ ਕਤਲ ਉਸ ਦੀ ਪਤਨੀ ਹਰਮੀਤ ਕੌਰ ਵਲੋਂ ਮ੍ਰਿਤਕ ਦੇ ਹਿੱਸੇ 'ਚ ਆਉਂਦੀ ਜ਼ਮੀਨ ਹਾਸਲ ਕਰਨ ਲਈ ਕੀਤਾ ਗਿਆ ਹੈ ਕਿਉਂਕਿ ਉਸ ਦੀ ਭਰਜਾਈ ਕਿਸੇ ਵੀ ਪਰਿਵਾਰਕ ਮੈਂਬਰ ਜਾਂ ਪਿੰਡ ਵਾਸੀ ਨੂੰ ਉਸ ਦੇ ਭਰਾ ਨੂੰ ਮਿਲਣ ਨਹੀਂ ਦਿੰਦੀ ਸੀ। ਉਸ ਨੇ ਦੁਖੀ ਹਿਰਦੇ ਨਾਲ ਦੱਸਿਆ ਕਿ ਇਕ ਐੱਨ.ਆਰ.ਆਈ. ਹੋਣ ਦੇ ਬਾਵਜੂਦ ਪੁਲਿਸ ਪ੍ਰਸ਼ਾਸਨ ਵਲੋਂ ਉਸ ਨੂੰ ਢੁੱਕਵਾਂ ਇਨਸਾਫ਼ ਨਹੀਂ ਦਿੱਤਾ ਜਾ ਰਿਹਾ। ਇਸ ਮੌਕੇ ਪੀੜਤ ਪ੍ਰਵਾਸੀ ਪੰਜਾਬੀ ਸਿਕੰਦਰ ਸਿੰਘ ਨੇ ਗ੍ਰਾਮ ਪੰਚਾਇਤ ਅਤੇ ਹੋਰ ਮੁਹਤਬਰਾਂ ਦੀ ਮੌਜੂਦਗੀ 'ਚ ਪੰਜਾਬ ਸਰਕਾਰ ਅਤੇ ਪੁਲਿਸ ਦੇ ਉੱਚ ਅਧਿਕਾਰੀਆਂ ਤੋਂ ਇਨਸਾਫ਼ ਦੀ ਗੁਹਾਰ ਲਗਾਈ ਹੈ। ਦੂਜੇ ਪਾਸੇ ਜਦੋਂ ਮ੍ਰਿਤਕ ਦਲਜੀਤ ਸਿੰਘ ਦੀ ਪਤਨੀ ਹਰਮੀਤ ਕੌਰ ਉਰਫ਼ ਹਰਮੇਸ਼ ਕੌਰ ਨਾਲ ਗੱਲਬਾਤ ਕੀਤੀ ਗਈ ਤਾਂ ਉਸ ਨੇ ਲਗਾਏ ਸਾਰੇ ਦੋਸ਼ਾਂ ਨੂੰ ਨਕਾਰਿਆ। ਉਸ ਨੇ ਆਖਿਆ ਕਿ ਉਸ ਦੇ ਪਤੀ ਦਲਜੀਤ ਸਿੰਘ ਦੇ ਭਰਾ ਅਤੇ ਭੈਣ ਵਲੋਂ ਜ਼ਮੀਨ ਹਾਸਲ ਕਰਨ ਦੇ ਲਈ ਉਸ ਦੇ ਪਤੀ ਨੂੰ ਵਾਰ-ਵਾਰ ਤੰਗ ਪ੍ਰੇਸ਼ਾਨ ਕੀਤਾ ਜਾਂਦਾ ਸੀ। ਉਧਰ ਜਦੋਂ ਇਸ ਸਬੰਧ ਵਿਚ ਪੁਲਿਸ ਥਾਣਾ ਸਦਰ ਰਾਏਕੋਟ ਦੇ ਐੱਸ.ਐੱਚ.ਓ ਅਮਰੀਕ ਸਿੰਘ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਨਵਾਂ ਸ਼ਗੂਫ਼ਾ ਛੱਡਦਿਆਂ ਆਖਿਆ ਕਿ ਵਿਭਾਗੀ ਮਰਿਆਦਾ ਤਹਿਤ ਉਹ ਕਿਸੇ ਵੀ ਮਾਮਲੇ ਸੰਬੰਧੀ ਪੱਖ ਨਹੀਂ ਦੇ ਸਕਦੇ। ਇਸ ਮੌਕੇ ਸਾਬਕਾ ਸਰਪੰਚ ਇੰਦਰਜੀਤ ਸਿੰਘ ਗਰੇਵਾਲ, ਸਰਪੰਚ ਦੇ ਪਤੀ ਸੁਖਵਿੰਦਰ ਸਿੰਘ, ਗੁਰਦੀਪ ਸਿੰਘ ਗਰੇਵਾਲ, ਹਰਭਜਨ ਸਿੰਘ ਗਰੇਵਾਲ, ਦਰਸ਼ਨ ਸਿੰਘ ਜੀ.ਓ.ਜੀ. ਆਦਿ ਹਾਜ਼ਰ ਸਨ।

ਪ੍ਰੈੱਸ ਕਾਨਫ਼ਰੰਸ ਦੌਰਾਨ ਗੱਲਬਾਤ ਕਰਦੇ ਹੋਏ ਐੱਨ.ਆਰ.ਆਈ. ਸਿਕੰਦਰ ਸਿੰਘ ਯੂ.ਐੱਸ.ਏ. ਤੇ ਮੁਹਤਵਰ। ਤਸਵੀਰ: ਬਲਵਿੰਦਰ ਸਿੰਘ ਲਿੱਤਰ

ਪਿੰਡ ਮੁੱਲਾਂਪੁਰ ਤੋਂ ਸ੍ਰੀ ਖੁਰਾਲਗੜ੍ਹ ਸਾਹਿਬ ਲਈ ਯਾਤਰੂਆਂ ਨੂੰ ਬੱਸਾਂ ਰਾਹੀਂ ਰਵਾਨਾ ਸਮੇਂ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ। ਤਸਵੀਰ: ਕ੍ਰਿਪਾਲ ਹੰਬੜਾਂ

# ਇਯਾਲੀ ਵਲੋਂ ਖੁਰਾਲਗੜ੍ਹ ਸਾਹਿਬ ਯਾਤਰਾ ਲ